# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :18-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਰਾਜ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਕਿਹਾ ਕਿ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਦੇ ਨਾਲ – ਨਾਲ ਪੈਨਸ਼ਨਰਾਂ ਦੀਆਂ ਇੱਛਾਵਾਂ ਅਤੇ ਚਿੰਤਾਵਾਂ ਨੂੰ ਦੂਰ ਕਰਨ 'ਤੇ ਧਿਆਨ ਕੇਂਦਰਿਤ ਕਰਨਾ ਚਾਹਿਦਾ ਏ.

- ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਅੱਜ ਚੁਗਿਰਦਾ ਸੁਰੱਖਿਆ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ, ਹਰਿਆਣਾ ਅਤੇ ਕੇਂਦਰ ਸਾਸ਼ਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਇੱਕ ਰੁੱਖ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ।

- ਪੰਜਾਬ ਭਰ ‘ਚ ਵਖ – ਵਖ ਥਾਵਾਂ ‘ਤੇ ਅੱਜ ਲੋਕ ਅਦਾਲਤਾਂ ਲਾਈਆਂ ਗਈਆਂ.

- ਮੌਸਮ ਵਿਭਾਗ ਨੇ 20 ਜੁਲਾਈ ਤੋਂ 22 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿਸਿਆਂ ਵਿੱਚ ਭਾਰੀ ਤੋਂ ਬੇਹਦ ਭਾਰੀ ਮੀਂਹ ਪੈਣ ਸੰਬੰਧੀ 'ਔਰੇਂਜ ਅਲਰਟ' ਜਾਰੀ ਕੀਤਾ ਏ।

- ਪੀ.ਵੀ. ਸਿੰਧੂ ਟੋਕੀਓ ਵਿੱਚ, ਜਾਪਾਨ ਓਪਨ ਬੈਡਮਿੰਟਨ ਟੂਰਨਾਮੈਂਟ ਦੇ ਔਰਤਾਂ ਦੇ ਸਿੰਗਲਜ਼ ਦੇ ਫਾਈਨਲ ਵਿੱਚ ਪਹੁੰਚ ਗਈ ਏ।

***ਹੁਣ ਖਬਰਾਂ ਵਿਸਥਾਰ ਨਾਲ***

ਅਮਲਾ, ਲੋਕ ਸ਼ਿਕਾਇਤਾਂ ਅਤੇ ਪੈਨਸ਼ਨਾਂ ਬਾਰੇ ਰਾਜ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਕਿਹਾ ਕਿ ਸ਼ਿਕਾਇਤਾਂ ਦਾ ਨਿਪਟਾਰਾ ਸਿਰਫ ਸ਼ਿਕਾਇਤਾਂ ਦੇ ਹੱਲ ਤੱਕ ਸੀਮਤ ਨਹੀਂ ਹੋਣਾ ਚਾਹੀਦਾ, ਸਗੋਂ ਪੈਨਸ਼ਨਰਾਂ ਦੀਆਂ ਇੱਛਾਵਾਂ ਅਤੇ ਚਿੰਤਾਵਾਂ ਨੂੰ ਦੂਰ ਕਰਨ 'ਤੇ ਕੇਂਦ੍ਰਿਤ ਹੋਣਾ ਚਾਹੀਦਾ ਏ । ਡਾ. ਸਿੰਘ ਨੇ ਕਿਹਾ ਕਿ ਪੈਨਸ਼ਨ ਵਿਵਾਦਾਂ ਨੂੰ ਪ੍ਰਸ਼ਾਸਕੀ ਤੌਰ 'ਤੇ ਹੱਲ ਕੀਤਾ ਜਾਣਾ ਚਾਹੀਦਾ ਏ ਤਾਂ ਜੋ ਪੈਨਸ਼ਨਰਾਂ ਨੂੰ ਅਦਾਲਤਾਂ ਵਿੱਚ

ਜਾਣ ਲਈ ਮਜਬੂਰ ਨਾ ਕੀਤਾ ਜਾਵੇ। ਉਨ੍ਹਾਂ ਨੇ ਇਹ ਗੱਲ ਅੱਜ ਨਵੀਂ ਦਿੱਲੀ ਵਿੱਚ ਪੈਨਸ਼ਨ ਮੁਕੱਦਮੇਬਾਜ਼ੀ 'ਤੇ ਦੂਜੀ ਰਾਸ਼ਟਰੀ ਵਰਕਸ਼ਾਪ ਨੂੰ ਸੰਬੋਧਨ ਕਰਦੇ ਹੋਏ ਕਹੀ. ਡਾ. ਸਿੰਘ ਨੇ ਕਿਹਾ ਕਿ ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਬਾਰੇ ਵਿਭਾਗ ਨੇ ਨਾਗਰਿਕ-ਕੇਂਦ੍ਰਿਤ ਕਈ ਸੁਧਾਰ ਕੀਤੇ ਨੇ. ਵਿਭਾਗ ਨੇ ਪਾਰਦਰਸ਼ਿਤਾ ਅਤੇ ਕੁਸ਼ਲਤਾ ਵਧਾਉਣ ਲਈ ਇੱਕ ਔਨਲਾਈਨ ਪ੍ਰਣਾਲੀ ਰਾਹੀਂ ਪੈਨਸ਼ਨ ਸੇਵਾਵਾਂ ਨੂੰ ਡਿਜੀਟਾਈਜ਼ ਕੀਤਾ ਏ। ਇਸ ਮੌਕੇ 'ਤੇ, ਅਟਾਰਨੀ ਜਨਰਲ ਆਰ. ਵੈਂਕਟਰਮਣੀ ਨੇ ਜ਼ੀਰੋ ਪੈਨਸ਼ਨ ਮੁਕੱਦਮੇਬਾਜ਼ੀ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਇੱਕ ਤਾਲਮੇਲ ਵਾਲੇ ਯਤਨਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਵਿਵਾਦਾਂ ਨੂੰ ਲੰਮੀ ਮੁਕੱਦਮੇਬਾਜ਼ੀ ਦੀ ਬਜਾਏ ਬਿਹਤਰ ਨੀਤੀ ਲਾਗੂ ਕਰਨ, ਤਕਨਾਲੋਜੀ ਅਤੇ ਸੰਸਥਾਗਤ ਵਿਧੀਆਂ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਏ। ਅਟਾਰਨੀ ਜਨਰਲ ਨੇ ਕਿਹਾ ਕਿ ਲਾਜ਼ਮੀ ਮੁਕੱਦਮੇਬਾਜ਼ੀ ਵਿੱਚ ਕਮੀ ਪੈਨਸ਼ਨ ਪ੍ਰਣਾਲੀ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰੇਗੀ ਅਤੇ ਪੈਨਸ਼ਨਰਾਂ ਨੂੰ ਸਮੇਂ ਸਿਰ ਨਿਆਂ ਯਕੀਨੀ ਬਣਾਏਗੀ।

---------------------------------------------------------

ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਅੱਜ ਚੁਗਿਰਦਾ ਸੁਰੱਖਿਆ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਨੂੰ ਉਤਸ਼ਾਹਿਤ ਕਰਨ

ਲਈ ਪੰਜਾਬ, ਹਰਿਆਣਾ ਅਤੇ ਕੇਂਦਰ ਸਾਸ਼ਿਤ  ਪ੍ਰਦੇਸ਼ ਚੰਡੀਗੜ੍ਹ ਵਿੱਚ ਰੁੱਖ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਜਸਟਿਸ ਸ਼੍ਰੀ ਅਸ਼ਵਨੀ ਕੁਮਾਰ ਮਿਸ਼ਰਾ, ਕਾਰਜਕਾਰੀ ਮੁੱਖ ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਅਤੇ ਹੋਰ ਪਤਵੰਤੇ ਮੌਜੂਦ ਸਨ। ਇਸ ਮੁਹਿੰਮ ਦਾ ਉਦਘਾਟਨ ਚੰਡੀਗੜ੍ਹ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਇੱਕ ਬੂਟਾ ਲਾ ਕੇ ਕੀਤਾ ਗਿਆ । ਮਾਨਸੂਨ ਦੇ ਮੌਸਮ ਦੌਰਾਨ ਜਾਰੀ ਰਹਿਣ ਵਾਲੀ ਇਸ ਮੁਹਿੰਮ ਦਾ ਉਦੇਸ਼ ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਅਦਾਲਤੀ ਕੰਪਲੈਕਸਾਂ, ਕਾਨੂੰਨੀ ਸੇਵਾਵਾਂ ਸੰਸਥਾਵਾਂ, ਅਦਾਲਤੀ ਰਿਹਾਇਸ਼ੀ ਕੰਪਲੈਕਸਾਂ ਅਤੇ ਹੋਰ ਢੁਕਵੀਆਂ ਜਨਤਕ ਥਾਵਾਂ 'ਤੇ ਲੱਖਾਂ ਬੂਟੇ ਲਾਉਣਾ ਏ  । ਇਹ ਪਹਿਲ ਇਨ੍ਹਾਂ ਰਾਜਾਂ ਦੇ ਜੰਗਲਾਤ ਵਿਭਾਗਾਂ ਦੇ ਸਹਿਯੋਗ ਨਾਲ ਕੀਤੀ ਜਾ ਰਹੀ ਏ , ਜਿਸ ਵਿੱਚ ਦੇਸੀ, ਫਲ ਦੇਣ ਵਾਲੀਆਂ, ਦਵਾਈਆਂ ਵਜੋਂ ਵਰਤੇ ਜਾਣ ਵਾਲੇ ਅਤੇ ਛਾਂ ਦੇਣ ਵਾਲੇ ਰੁਖਾਂ ਦੀਆਂ ਪ੍ਰਜਾਤੀਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਏ । ਇਕੱਠ ਨੂੰ ਸੰਬੋਧਨ ਕਰਦਿਆਂ, ਭਾਰਤ ਦੇ ਚੀਫ਼ ਜਸਟਿਸ ਨੇ ਕਿਹਾ ਕਿ ਚੁਗਿਰਦਾ ਸੁਰੱਖਿਆ ਇੱਕ ਸੰਵਿਧਾਨਕ ਅਤੇ ਨੈਤਿਕ ਦੋਵਾਂ ਤਰ੍ਹਾਂ ਦੀ ਸਾਂਝੀ ਜ਼ਿੰਮੇਵਾਰੀ ਏ । ਉਨ੍ਹਾਂ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਰੁੱਖ ਲਾ ਕੇ ਅਤੇ ਉਨ੍ਹਾਂ ਦਾ ਪਾਲਣ-ਪੋਸ਼ਣ ਕਰਕੇ ਦੇਸ਼ ਦੇ ਹਰੇ ਭਰੇ ਕਵਰ ਨੂੰ ਵਧਾਉਣ ਵਿੱਚ ਸਰਗਰਮੀ ਨਾਲ ਹਿੱਸਾ

ਲੈਣ। ਇਸ ਤੋਂ ਪਹਿਲਾਂ, ਚੀਫ਼ ਜਸਟਿਸ ਸ੍ਰੀ ਸੂਰਿਆ ਕਾਂਤ ਅਤੇ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸੈਕਟਰ 43, ਚੰਡੀਗੜ੍ਹ ਵਿੱਚ ਜ਼ਿਲ੍ਹਾ ਅਦਾਲਤ ਕੰਪਲੈਕਸ ਵਿੱਚ ਇੱਕ ਬਹੁ-ਪੱਧਰੀ ਪਾਰਕਿੰਗ ਦਾ ਉਦਘਾਟਨ ਕੀਤਾ। -

---------------------------------------------------------

ਪੰਜਾਬ ਭਰ ਵਿੱਚ ਵਿਸ਼ੇਸ਼ ਗਹਿਨ ਸੋਧ (ਐਸ.ਆਈ.ਆਰ) ਦਾ ਘਰ-ਘਰ ਗਣਨਾ ਗੇੜ੍ਹ, 3 ਅਗਸਤ ਤੱਕ ਜਾਰੀ ਰਹੇਗਾ। ਇਸ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਲਈ ਸੂਬੇ ਦੇ ਸਾਰੇ ਵੋਟ ਕੇਂਦਰਾਂ 'ਤੇ ਭਲਕੇ 19 ਜੁਲਾਈ ਨੂੰ ਸਵੇਰੇ 8 ਵਜੇ ਤੋਂ ਦੁਪਹਿਰ ਬਾਅਦ 2 ਵਜੇ ਤੱਕ ਇੱਕ ਰੋਜ਼ਾ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਏ, ਜਿਸ ਨਾਲ ਵੋਟਰਾਂ ਨੂੰ ਆਪਣੇ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਦੀ ਸਹੂਲਤ ਮਿਲੇਗੀ। ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਵੋਟਰਾਂ ਨੂੰ ਅਪੀਲ ਕੀਤੀ ਏ ਕਿ ਜੇਕਰ ਉਹਨਾਂ ਨੇ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ ਤਾਂ ਉਹ ਤੁਰੰਤ ਆਪਣੇ ਬੂਥ ਪੱਧਰ ਦੇ ਅਧਿਕਾਰੀ ਨਾਲ ਸੰਪਰਕ ਕਰਨ ਜਾਂ ਇਸ ਵਿਸ਼ੇਸ਼ ਕੈਂਪ ਦੌਰਾਨ, ਆਪਣੇ ਨਜ਼ਦੀਕੀ ਵੋਟ ਕੇਂਦਰ 'ਤੇ ਜਾਣ। ਹਰੇਕ ਯੋਗ ਵੋਟਰ ਦਾ ਨਾਂ 13 ਅਗਸਤ ਨੂੰ ਪ੍ਰਕਾਸ਼ਿਤ ਹੋਣ ਵਾਲੀ ਮੁੱਢਲੀ ਵੋਟਰ ਸੂਚੀ ਵਿੱਚ ਸ਼ਾਮਲ ਹੋਣਾ ਯਕੀਨੀ ਬਣਾਉਣ

ਲਈ ਨਾਗਰਿਕਾਂ ਦੀ ਸਰਗਰਮ ਹਿੱਸੇਦਾਰੀ ਬਹੁਤ ਜ਼ਰੂਰੀ ਏ। ਉਨ੍ਹਾਂ ਕਿਹਾ ਕਿ ਬੂਥ ਪੱਧਰ ਦੇ  ਅਧਿਕਾਰੀ, ਵੋਟਰਾਂ ਦੀ ਇਸ ਪ੍ਰਕਿਰਿਆ ਵਿੱਚ ਸਹਾਇਤਾ ਲਈ, ਸਾਰੇ ਤੈਅਸ਼ੁਦਾ ਵੋਟ ਕੇਂਦਰਾਂ ’ਤੇ ਮੌਜੂਦ ਰਹਿਣਗੇ।

-----------------------------------------------------

ਜਲੰਧਰ ਵਿੱਚ ਅੱਜ ਇੱਕ ਵਿਸ਼ੇਸ਼ ਲੋਕ ਅਦਾਲਤ ਵਿੱਚ, ਚੈੱਕ ਬਾਊਂਸ ਨਾਲ ਸਬੰਧਤ 201 ਮਾਮਲਿਆਂ ਅਤੇ 4 ਕਰੋੜ 72 ਲੱਖ 59 ਹਜ਼ਾਰ 287 ਰੁਪਏ ਦੇ ਦਾਅਵਿਆਂ ਦਾ ਨਿਪਟਾਰਾ ਕੀਤਾ ਗਿਆ। ਇਸ ਨਾਲ ਕਈ ਧਿਰਾਂ ਨੂੰ ਰਾਹਤ ਮਿਲੀ ਏ। ਇਹ ਅਦਾਲਤ ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ (NALSA) ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ (PULSA) ਦੇ ਨਿਰਦੇਸ਼ਾਂ ਹੇਠ ਲਾਈ  ਗਈ ਸੀ। ਜਲੰਧਰ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (DLSA), ਪ੍ਰਿਆ ਸੂਦ ਨੇ ਕਿਹਾ ਕਿ ਵਿਵਾਦਾਂ ਦੇ ਸੁਚਾਰੂ ਅਤੇ ਪ੍ਰਭਾਵਸ਼ਾਲੀ ਹੱਲ ਲਈ, ਜ਼ਿਲ੍ਹੇ ਭਰ ਵਿੱਚ ਕੁੱਲ 8 ਵਿਸ਼ੇਸ਼ ਬੈਂਚਾਂ ਦਾ ਗਠਨ ਕੀਤਾ ਗਿਆ ਸੀ, ਜਿਸ ਵਿੱਚ 777 ਬਕਾਇਆ ਪਏ ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ 201 ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀਐਲਐਸਏ), ਜਲੰਧਰ, ਰਾਹੁਲ ਕੁਮਾਰ ਆਜ਼ਾਦ

ਨੇ ਆਮ ਲੋਕਾਂ ਅਤੇ ਮੁਕੱਦਮੇਬਾਜ਼ਾਂ ਨੂੰ ਅਪੀਲ ਕੀਤੀ ਕਿ ਉਹ 12 ਸਤੰਬਰ, 2026 ਨੂੰ ਹੋਣ ਵਾਲੇ ਆਉਣ ਵਾਲੇ ਵਿਵਾਦ ਨਿਪਟਾਰੇ ਦੇ ਮੌਕਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ, ਜਿਸ ਵਿੱਚ ਸਿਵਲ ਅਤੇ ਅਪਰਾਧਿਕ ਕੰਪਾਊਂਡੇਬਲ ਮਾਮਲਿਆਂ ਦੀਆਂ ਸਾਰੀਆਂ ਸ਼੍ਰੇਣੀਆਂ ਸ਼ਾਮਲ ਹਨ ਅਤੇ 21 ਨਵੰਬਰ ਨੂੰ ਜਿਸ ਵਿੱਚ ਚੈੱਕ ਬਾਊਂਸ ਨਾਲ ਸਬੰਧਤ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ। ਜਲੰਧਰ ਦੇ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਤੇ -ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (DLSA), ਰਾਹੁਲ ਕੁਮਾਰ ਆਜ਼ਾਦ ਨੇ ਆਮ ਲੋਕਾਂ ਅਤੇ ਮੁਕੱਦਮੇਬਾਜ਼ਾਂ ਨੂੰ 12 ਸਤੰਬਰ ਨੂੰ ਹੋਣ ਵਾਲੇ ਆਉਂਦੇ ਵਿਵਾਦ ਨਿਪਟਾਰੇ ਮੌਕਿਆਂ, ਜਿਸ ਵਿੱਚ ਸਿਵਲ ਅਤੇ ਅਪਰਾਧਿਕ  ਮਾਮਲਿਆਂ ਦੀਆਂ ਸਾਰੀਆਂ ਸ਼੍ਰੇਣੀਆਂ ਸ਼ਾਮਲ ਨੇ, ਦਾ ਵੱਧ ਤੋਂ ਵੱਧ ਲਾਭ ਚੁੱਕਣ ਦੀ ਅਪੀਲ ਕੀਤੀ ਏ। 21 ਨਵੰਬਰ ਨੂੰ ਚੈੱਕ ਬਾਊਂਸ ਨਾਲ ਸਬੰਧਤ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ। ਇਹ ਅਦਾਲਤ ਚੰਡੀਗੜ੍ਹ , ਕਪੂਰਥਲਾ , ਹੋਸ਼ਿਆਰਪਪੁਰ ਤੇ ਪਟਿਆਲਾ ਅਮਿਤ ਹੋਰਨਾਂ ਜ਼ਿਲਿਆਂ 'ਚ ਵੀ ਲਾਈ ਗਈ ਸੀ |

--------------------------------------------------------

ਹੁਸ਼ਿਆਰਪੁਰ ਪੁਲਿਸ ਨੇ ਅਮਰੀਕਾ ਵਿੱਚ ਇੱਕ ਭਾਰਤੀ ਮੂਲ ਦੇ ਪਰਿਵਾਰ ਤੋਂ ਫਿਰੋਤੀ ਮੰਗਣ ਦੇ ਮਾਮਲੇ 'ਚ ਦੋਸ਼ੀ ਪਾਏ ਗਏ ਟਾਂਡਾ ਪੁਲਿਸ ਥਾਣੇ ਦੇ ਸਾਬਕਾ ਐਸ.ਐਚ.ਓ. ਇੰਸਪੈਕਟਰ ਗੁਰਿੰਦਰਜੀਤ

ਸਿੰਘ ਨਾਗਰਾ ਨੂੰ ਗ੍ਰਿਫ਼ਤਾਰ ਕਰ ਲਿਆ ਏ। ਉਸ ਨੂੰ ਮੁਅੱਤਲ ਕਰ ਦਿੱਤਾ ਗਿਆ ਏ ਤੇ ਢੁਕਵੀਂ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਏ। ਅਮਰੀਕਾ ਦੀ ਫੈਡਰਲ ਜਾਂਚ ਏਜੰਸੀ (FBI) ਨੇ 7 ਫਰਵਰੀ ਨੂੰ ਇੱਕ ਕਥਿਤ ਅੰਤਰਰਾਸ਼ਟਰੀ ਫਿਰੋਤੀ ਰੈਕੇਟ ਦੇ ਸਬੰਧ ਵਿੱਚ, ਨਾਗਰਾ ਦਾ ਨਾਂ ਲਿਆ ਸੀ। ਡੀ.ਆਈ.ਜੀ. ਜਲੰਧਰ ਰੇਂਜ ਮੁਤਾਬਕ, ਜਾਂਚ ਦੌਰਾਨ ਇੰਸਪੈਕਟਰ ਗੁਰਿੰਦਰਜੀਤ ਨਾਗਰਾ ਕੋਲੋਂ ਅਮਰੀਕਾ ਸਥਿਤ ਇੱਕ ਪਰਿਵਾਰ ਤੋਂ ਗੈਰ-ਕਾਨੂੰਨੀ ਵਸੂਲੀ ਅਤੇ ਰਿਸ਼ਵਤ ਲੈਣ ਦੇ ਪੁਖ਼ਤਾ ਸਬੂਤ ਮਿਲੇ ਨੇ। ਉਹ ਅਮਰੀਕਾ ਸਥਿਤ ਪਰਿਵਾਰ ਤੋਂ 16 ਲੱਖ ਰੁਪਏ ਗੈਰ-ਕਾਨੂੰਨੀ ਰਿਸ਼ਵਤ ਵਜੋਂ ਵਸੂਲਣ ਵਿੱਚ ਸ਼ਾਮਲ ਪਾਇਆ ਗਿਆ ਏ, ਜਿਸ ਤੋਂ ਬਾਅਦ, ਉਸ ਨੂੰ ਕੱਲ੍ਹ 17 ਜੁਲਾਈ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਅੱਜ ਉਸਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ ਤੇ ਤਿੰਨ ਦਿਨਾਂ ਦੀ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਗਿਆ ਏ।

---------------------------------------------------

ਪਿਛਲੇ ਕਈ ਦਿਨਾਂ ਤੋਂ ਗਰਮੀ ਅਤੇ ਹੁੰਮਸ ਭਰੇ ਮੌਸਮ ਤੋਂ ਬਾਅਦ, ਮੌਸਮ ਵਿਭਾਗ ਨੇ ਭਲਕੇ 19 ਜੁਲਾਈ ਤੋਂ 23 ਜੁਲਾਈ ਤੱਕ ਮੌਸਮ ਦੇ ਖੁਸ਼ਗਵਾਰ ਹੋਣ ਦੀ ਸੰਭਾਵਨਾ ਜਤਾਈ ਏ। ਮੌਸਮ ਵਿਭਾਗ ਨੇ 20 ਜੁਲਾਈ ਤੋਂ 22 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ

ਕੁਝ ਹਿਸਿਆਂ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਪੈਣ ਸੰਬੰਧੀ 'ਔਰੇਂਜ ਅਲਰਟ' ਜਾਰੀ ਕੀਤਾ ਏ। ਇਸ ਤੋਂ ਇਲਾਵਾ, ਭਲਕੇ 19 ਜੁਲਾਈ ਲਈ ਵੀ ਦੋਵਾਂ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ, ਦਰਮਿਆਨੇ ਤੋਂ ਭਾਰੀ ਮੀਂਹ ਪੈਣ ਸਬੰਧੀ, 'ਯੈਲੋ ਅਲਰਟ' ਜਾਰੀ ਕੀਤਾ ਗਿਆ ਏ। ਇਸ ਦੌਰਾਨ, ਅੱਜ ਕਈ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦੇ ਨਾਲ-ਨਾਲ, ਲੋਕਾਂ ਨੂੰ ਗਰਮੀ ਅਤੇ ਹੁੰਮਸ ਦਾ ਸਾਹਮਣਾ ਕਰਨਾ ਪੈ ਰਿਹਾ ਏ। ਮੌਸਮ ਵਿਭਾਗ ਨੇ ਅੱਜ ਪੰਜਾਬ ਦੇ ਬਠਿੰਡਾ ਵਿੱਚ ਵੱਧ ਤੋਂ ਵੱਧ ਤਾਪਮਾਨ 41.1 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਸਿਰਸਾ ਵਿੱਚ ਵੱਧ ਤੋਂ ਵੱਧ ਤਾਪਮਾਨ 40.4 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਏ। ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 37.7 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ।

---------------------------------------------------------

ਭਾਰਤੀ ਬੈਡਮਿੰਟਨ ਖਿਡਾਰਨ ਪੀ.ਵੀ. ਸਿੰਧੂ ਟੋਕੀਓ ਵਿੱਚ, ਜਾਪਾਨ ਓਪਨ ਬੈਡਮਿੰਟਨ ਟੂਰਨਾਮੈਂਟ ਦੇ ਔਰਤਾਂ ਦੇ ਸਿੰਗਲਜ਼ ਦੇ ਫਾਈਨਲ ਵਿੱਚ ਪਹੁੰਚ ਗਈ ਏ। ਹੁਣ ਫਾਈਨਲ ਵਿੱਚ ਭਲਕੇ ਪੀ.ਵੀ. ਸਿੰਧੂ ਦਾ ਮੁਕਾਬਲਾ, ਜਪਾਨ ਦੀ Akane Yamaguchi ਨਾਲ ਹੋਵੇਗਾ।

---------------------------------------------------------

ਚੁਗਿਰਦਾ ਸੁਰੱਖਿਆ ਨੂੰ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਮਨਦਿਆਂ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਪਟਿਆਲਾ' ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ ਦੇ ਸਹਿਯੋਗ ਨਾਲ, ਅੱਜ ਆਪਣੇ ਪ੍ਰਮੁੱਖ 'ਮਿਸ਼ਨ ਕਲੀਨ ਪਟਿਆਲਾ' ਤਹਿਤ ਨਾਭਾ ਰੋਡ 'ਤੇ ਸਫ਼ਾਈ ਮੁਹਿੰਮ ਚਲਾਈ। ਇਸ ਮੁਹਿੰਮ ਵਿੱਚ, ਨੌਜਵਾਨਾਂ ਅਤੇ ਵਿਦਿਆਰਥੀਆਂ ਦੀ ਭਰਪੂਰ ਹਿੱਸੇਦਾਰੀ ਵੇਖਣ ਨੂੰ ਮਿਲੀ। ਇਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਪਰਸਨ ਸ੍ਰੀਮਤੀ ਰੀਨਾ ਗੁਪਤਾ ਨੇ ਕਿਹਾ ਕਿ, ਸਭ ਤੋਂ ਸਾਫ਼ ਸ਼ਹਿਰ ਕੇਵਲ ਸਰਕਾਰਾਂ ਦੇ ਯਤਨਾਂ ਨਾਲ ਨਹੀਂ ਬਣਦੇ, ਸਗੋਂ ਉਦੋਂ ਬਣਦੇ ਨੇ, ਜਦੋਂ ਹਰ ਨਾਗਰਿਕ ਇਹ ਮੰਨਦਾ ਏ ਕਿ ਉਸਦੇ ਘਰ, ਦਫ਼ਤਰ ਜਾਂ ਸੰਸਥਾ ਦੇ ਬਾਹਰ ਦੀ ਸੜਕ ਵੀ ਉਸਦੀ ਆਪਣੀ ਜ਼ਿੰਮੇਵਾਰੀ ਏ। ਉਨ੍ਹਾਂ ਨੇ ਕਿਹਾ ਕਿ ਪਟਿਆਲਾ ਦੀਆਂ ਪ੍ਰਮੁੱਖ ਸੰਸਥਾਵਾਂ, ਲਾਗੂਕਰਨ ਏਜੰਸੀਆਂ ਅਤੇ ਸਮਾਜਿਕ ਸੰਗਠਨਾਂ ਨੂੰ ਇਸ ਮੁਹਿੰਮ ਨਾਲ ਜੋੜਿਆ ਗਿਆ ਏ। ਉਨ੍ਹਾਂ ਕਿਹਾ ਕਿ ਜੇਕਰ ਹਰ ਸੰਸਥਾ, ਇੱਕ ਜਨਤਕ ਥਾਂ ਨੂੰ ਗੋਦ ਲੈ ਕੇ, ਹਰ ਮਹੀਨੇ ਕੁਝ ਘੰਟੇ ਉਸ ਦੀ ਸਫ਼ਾਈ ਅਤੇ ਸੰਭਾਲ ਲਈ ਸਮਰਪਿਤ ਕਰੇ, ਤਾਂ ਅਸੀਂ ਇੱਕ ਸਾਫ਼ ਅਤੇ ਸਿਹਤਮੰਦ ਪੰਜਾਬ ਦੀ ਸਿਰਜਣਾ ਕਰ ਸਕਦੇ ਹਾਂ। ਅਪ੍ਰੈਲ 2026 ਵਿੱਚ ਸ਼ੁਰੂ ਕੀਤੀ ਗਈ 'ਮਿਸ਼ਨ ਕਲੀਨ ਪਟਿਆਲਾ' ਪਹਿਲਕਦਮੀ ਹੁਣ ਪੂਰੇ ਸ਼ਹਿਰ ਦੀ ਲੋਕ ਮੁਹਿੰਮ ਬਣ ਚੁੱਕੀ ਏ। ਹੁਣ ਤੱਕ 30 ਤੋਂ ਵੱਧ ਸੰਸਥਾਵਾਂ ਇਸ ਪਹਿਲ

ਨਾਲ ਜੁੜ ਚੁੱਕੀਆਂ ਨੇ, ਜਿਨ੍ਹਾਂ ਵਿੱਚ 18 ਸਕੂਲ, 10 ਕਾਲਜ ਅਤੇ 4 ਪ੍ਰਮੁੱਖ ਸੰਸਥਾਵਾਂ ਸ਼ਾਮਲ ਨੇ। 'ਮਿਸ਼ਨ ਕਲੀਨ ਪਟਿਆਲਾ' ਦਾ ਉਦੇਸ਼ ਲੋਕਾਂ ਵਿੱਚ ਲੰਮੇ ਸਮੇਂ ਲਈ ਵਿਵਹਾਰਕ ਬਦਲਾਅ ਨੂੰ ਉਤਸ਼ਾਹਿਤ ਕਰਨਾ, ਜਨਤਕ ਥਾਵਾਂ ਪ੍ਰਤੀ ਸਾਂਝੀ ਮਾਲਕੀ ਦੀ ਭਾਵਨਾ ਪੈਦਾ ਕਰਨੀ ਅਤੇ ਪੰਜਾਬ ਦੇ ਹੋਰ ਸ਼ਹਿਰਾਂ ਲਈ, ਨਾਗਰਿਕਾਂ ਦੀ ਅਗਵਾਈ ਹੇਠ ਚੁਗਿਰਦੇ ਦੀ ਸਾਂਭ-ਸੰਭਾਲ ਦਾ ਇੱਕ ਮਾਡਲ ਤਿਆਰ ਕਰਨਾ ਏ।

---------------------------------------------------------------

- ਕੇਂਦਰੀ ਰਾਜ ਮੰਤਰੀ, ਡਾ. ਜਿਤੇਂਦਰ ਸਿੰਘ ਨੇ ਕਿਹਾ ਕਿ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਦੇ ਨਾਲ – ਨਾਲ ਪੈਨਸ਼ਨਰਾਂ ਦੀਆਂ ਇੱਛਾਵਾਂ ਅਤੇ ਚਿੰਤਾਵਾਂ ਨੂੰ ਦੂਰ ਕਰਨ 'ਤੇ ਧਿਆਨ ਕੇਂਦਰਿਤ ਕਰਨਾ ਚਾਹਿਦਾ ਏ.

- ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਅੱਜ ਚੁਗਿਰਦਾ ਸੁਰੱਖਿਆ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ, ਹਰਿਆਣਾ ਅਤੇ ਕੇਂਦਰ ਸਾਸ਼ਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਇੱਕ ਰੁੱਖ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ।

- ਪੰਜਾਬ ਭਰ ‘ਚ ਵਖ – ਵਖ ਥਾਵਾਂ ‘ਤੇ ਅੱਜ ਲੋਕ ਅਦਾਲਤਾਂ ਲਾਈਆਂ ਗਈਆਂ.

- ਮੌਸਮ ਵਿਭਾਗ ਨੇ 20 ਜੁਲਾਈ ਤੋਂ 22 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿਸਿਆਂ ਵਿੱਚ ਭਾਰੀ ਤੋਂ ਬੇਹਦ ਭਾਰੀ ਮੀਂਹ ਪੈਣ ਸੰਬੰਧੀ 'ਔਰੇਂਜ ਅਲਰਟ' ਜਾਰੀ ਕੀਤਾ ਏ।

- ਪੀ.ਵੀ. ਸਿੰਧੂ ਟੋਕੀਓ ਵਿੱਚ, ਜਾਪਾਨ ਓਪਨ ਬੈਡਮਿੰਟਨ ਟੂਰਨਾਮੈਂਟ ਦੇ ਔਰਤਾਂ ਦੇ ਸਿੰਗਲਜ਼ ਦੇ ਫਾਈਨਲ ਵਿੱਚ ਪਹੁੰਚ ਗਈ ਏ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**